


ਐਸ.ਏ.ਐਸ ਨਗਰ ਅਜੀਤ
ਅਜੀਤ ਚੰਡੀਗੜ੍ਹ
ਮੰਗਲਵਾਰ, 4 ਜਨਵਰੀ, 2022





## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

**ਮੁੱਖ ਵਾਕ ਦੀ ਕਥਾ :** **4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।**



ਸਮਾਗਮ ਦੌਰਾਨ ਮੇਅਰ ਅਮਰਜੀਤ ਸਿੰਘ ਤੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਦਿਵਯਾਂਗ ਸਮਾਜ ਦੀਆਂ ਧੀਆਂ ਨੂੰ ਸਿਲਾਈ ਮਸ਼ੀਨਾਂ ਵੰਡਦੇ ਹੋਏ। ਤਸਵੀਰ : ਵਰਿੰਦਰਜੀਤ ਸਿੰਘ

## ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ 7ਵੀਂ ਬਰਸੀ ਮਨਾਈ

ਐੱਸ. ਏ. ਐੱਸ. ਨਗਰ, 3 ਜਨਵਰੀ (ਤਰਵਿੰਦਰ ਸਿੰਘ ਬੈਨੀਪਾਲ)-ਸਥਾਨਕ ਫੇਜ਼-7 ਦੇ ਕਮਿਊਨਿਟੀ ਸੈਂਟਰ ਵਿਖੇ ਫਿਜ਼ੀਕਲ ਹੈਂਡੀਕੈਪ ਐਸੋਸੀਏਸ਼ਨ ਵਲੋਂ ਅਤੇ ਮਾਤਾ ਸਾਹਿਬ ਕੌਰ ਜੀ ਸੇਵਾ ਵਾਲਾ ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ 7ਵੀਂ ਬਰਸੀ ਮਨਾਈ ਗਈ, ਜਿਸ 'ਚ ਮੁੱਖ ਮਹਿਮਾਨ ਵਜੋਂ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ ਤੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਸ਼ਾਮਿਲ ਹੋਏ। ਫਿਜ਼ੀਕਲ ਹੈਂਡੀਕੈਪਡ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਹਰਮੇਸ਼ ਕੁਰੜੀ ਤੇ ਜ਼ਿਲ੍ਹਾ ਮੁਹਾਲੀ ਦੇ ਪ੍ਰਧਾਨ ਧਰਮ ਸਿੰਘ ਮੁੰਡੀ ਨੇ ਦੱਸਿਆ ਅੱਜ ਦੇ ਇਸ ਪ੍ਰੋਗਰਾਮ 'ਚ ਮਾਤਾ ਸਾਹਿਬ ਕੌਰ ਜੀ ਸੇਵਾ ਵਾਲਾ ਵੈੱਲਫੇਅਰ ਸੁਸਾਇਟੀ ਵਲੋਂ ਦਿਵਯਾਂਗ ਸਮਾਜ ਦੀਆਂ ਧੀਆਂ ਨੂੰ ਸਿਲਾਈ ਮਸ਼ੀਨਾਂ ਤੇ ਟ੍ਰਾਈ ਸਾਈਕਲਾਂ ਦਿੱਤੀਆਂ ਗਈਆਂ। ਇਸ ਮੌਕੇ ਵੈੱਲਫੇਅਰ ਸੁਸਾਇਟੀ ਦੇ ਸੰਸਥਾਪਕ ਸੰਤ ਬਾਬਾ ਗੁਰਬਖ਼ਸ਼ ਸਿੰਘ, ਡਾ. ਬਾਬਾ ਕਰਨਦੀਪ ਸਿੰਘ, ਡਾਇਰੈਕਟਰ ਹਿਮਾਂਸ਼ੂ ਗੁਪਤਾ, ਵਿਨੀਤ ਮਲਿਕ ਤੇ ਕਮਲਪ੍ਰੀਤ ਸਿੰਘ ਬੰਨੀ ਦੋਵੇਂ ਕੌਂਸਲਰ, ਜਗਰੂਪ ਸਿੰਘ ਕੁਰੜੀ, ਪਰਮਦੀਪ ਸਿੰਘ ਭਵਾਤ, ਬੀਬੀ ਜਤਿੰਦਰ ਕੌਰ ਕੈਨੇਡਾ, ਨੇਤਰ ਚੌਧਰੀ, ਬੀਬੀ ਵੀਨਾ ਦੇਵੀ, ਰਾਜਿੰਦਰ ਰਾਜੂ, ਗੁਰਮੁਖ ਸਿੰਘ, ਪਵਨ ਕੁਮਾਰ, ਮਨੋਜ ਵਾਲਿਆਂ, ਜਗਦੀਸ ਸ਼ਰਮਾ ਤੇ ਅਮਨ ਮੁੰਡੀ ਮੌਜੂਦ ਸਨ।

## ਅਕਾਲੀ ਦਲ ਨੇ ਕਮਲਜੀਤ ਸਿੰਘ ਬੈਦਵਾਣ ਨੂੰ ਜ਼ਿਲ੍ਹਾ ਮੁਹਾਲੀ ਦਾ ਸਕੱਤਰ ਜਰਨਲ ਥਾਪਿਆ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਸ਼੍ਰੋਮਣੀ ਅਕਾਲੀ ਦਲ ਵਲੋਂ ਕਮਲਜੀਤ ਸਿੰਘ ਬੈਦਵਾਣ (ਕੰਮਾ ਬੜੀ) ਨੂੰ ਅਕਾਲੀ ਦਲ ਜ਼ਿਲ੍ਹਾ ਮੁਹਾਲੀ ਦਾ ਸਕੱਤਰ ਜਰਨਲ ਲਗਾਇਆ ਗਿਆ ਹੈ। ਇਸ ਮੌਕੇ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਸਾਬਕਾ ਸੰਸਦ ਮੈਂਬਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਕੰਮਾ ਬੜੀ ਪਿਛਲੇ ਕਈ ਦਹਾਕਿਆਂ ਤੋਂ ਪਾਰਟੀ ਲਈ ਲਗਾਤਾਰ ਕੰਮ ਕਰਦਾ ਆ ਰਿਹਾ ਹੈ ਤੇ ਉਸ ਨੂੰ ਇਹ ਅਹਿਮ ਅਹੁਦਾ ਮਿਲਣ ਨਾਲ ਪਾਰਟੀ ਹੋਰ ਵੀ ਮਜ਼ਬੂਤ ਹੋਵੇਗੀ। ਇਸ ਮੌਕੇ ਕਮਲਜੀਤ ਸਿੰਘ ਬੈਦਵਾਣ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਚਰਨਜੀਤ ਸਿੰਘ ਕਾਲੇਵਾਲ, ਸਿਮਰਨਜੀਤ ਸਿੰਘ ਚੰਦੂਮਾਜਰਾ, ਗੁਰਪ੍ਰਤਾਪ ਸਿੰਘ ਬੜੀ, ਪ੍ਰੀਤ ਰਾਠੌਰ, ਡਾ. ਸਿਮਰਨਜੋਤ ਸਿੰਘ, ਭੁਪਿੰਦਰ ਸਿੰਘ ਮਲਹੋਤਰਾ, ਅੰਮ੍ਰਿਤ ਸਿੰਘ, ਸਤਨਾਮ ਸਿੰਘ, ਗੁਰਮੀਤ ਸਿੰਘ ਤੇ ਹਰਮਨਪ੍ਰੀਤ ਸਿੰਘ ਵੀ ਮੌਜੂਦ ਸਨ।

## ਜ਼ਿਲ੍ਹਾ ਮੁਹਾਲੀ 'ਚ ਇਕੋ ਦਿਨ ਕੋਰੋਨਾ ਦੇ 30 ਮਾਮਲੇ ਆਏ ਸਾਹਮਣੇ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਪਿਛਲੇ ਕੁਝ ਦਿਨਾਂ ਤੋਂ ਕੋਰੋਨਾ ਦੇ ਮਰੀਜ਼ਾਂ ਦੀ ਨਿਰੰਤਰ ਵਧ ਰਹੀ ਗਿਣਤੀ ਦੇ ਚਲਦਿਆਂ ਬੇਸ਼ੱਕ ਪ੍ਰਸ਼ਾਸਨ ਵਲੋਂ ਲੋਕਾਂ ਨੂੰ ਮਾਸਕ ਪਹਿਨਣ ਤੇ ਸਮਾਜਿਕ ਦੂਰੀ ਬਣਾਈ ਰੱਖਣ ਲਈ ਕਿਹਾ ਜਾ ਰਿਹਾ ਹੈ, ਪਰ ਇਸ ਦੇ ਬਾਵਜੂਦ ਮਾਰਕੀਟਾਂ ਤੇ ਸਮਾਜਿਕ ਸਮਾਗਮਾਂ 'ਚ ਲੋਕਾਂ ਦੀ ਭੀੜ ਵੇਖਣ ਨੂੰ ਮਿਲ ਰਹੀ ਹੈ ਤੇ ਜ਼ਿਆਦਾਤਰ ਲੋਕ ਮਾਸਕ ਪਹਿਨਣ ਤੋਂ ਗੁਰੇਜ਼ ਕਰ ਰਹੇ ਹਨ। ਜਾਣਕਾਰੀ ਅਨੁਸਾਰ ਅੱਜ ਜ਼ਿਲ੍ਹਾ ਮੁਹਾਲੀ ਅੰਦਰ ਕੋਰੋਨਾ ਦੇ ਕੁੱਲ 30 ਮਰੀਜ਼ ਸਾਹਮਣੇ ਆਏ ਹਨ, ਜਿਨ੍ਹਾਂ 'ਚੋਂ ਮੁਹਾਲੀ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 12, ਢਕੌਲੀ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 7, ਡੇਰਾਬੱਸੀ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 4, ਖਰੜ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 3 ਅਤੇ ਬੂਥਗੜ੍ਹ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 4 ਮਰੀਜ਼ ਸਾਹਮਣੇ ਆਏ ਹਨ। ਇਸ ਤੋਂ ਇਲਾਵਾ 4 ਮਰੀਜ਼ ਕੋਰੋਨਾ ਮਹਾਂਮਾਰੀ ਨੂੰ ਮਾਤ ਦੇਣ 'ਚ ਸਫ਼ਲ ਰਹੇ ਹਨ। ਜ਼ਿਲ੍ਹੇ ਅੰਦਰ ਹੁਣ ਤੱਕ ਕੋਰੋਨਾ ਦੇ ਕੁੱਲ 69,274 ਮਰੀਜ਼ ਸਾਹਮਣੇ ਆ ਚੁੱਕੇ ਹਨ, ਜਿਨ੍ਹਾਂ 'ਚੋਂ 68,009 ਮਰੀਜ਼ ਸਿਹਤਯਾਬ ਹੋ ਚੁੱਕੇ ਹਨ, ਜਦਕਿ 190 ਮਰੀਜ਼ ਜ਼ੇਰੇ ਇਲਾਜ ਹਨ ਤੇ 1075 ਮਰੀਜ਼ਾਂ ਦੀ ਮੌਤ ਹੋ ਚੁੱਕੀ ਹੈ।

## 18 ਲੀਟਰ ਸ਼ਰਾਬ ਸਮੇਤ ਇਕ ਕਾਬੂ

ਜ਼ੀਰਕਪੁਰ, 3 ਜਨਵਰੀ (ਅਵਤਾਰ ਸਿੰਘ)-ਜ਼ੀਰਕਪੁਰ ਪੁਲਿਸ ਨੇ 18 ਲੀਟਰ ਸ਼ਰਾਬ ਸਮੇਤ ਇਕ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਮਾਮਲੇ ਸੰਬੰਧੀ ਪੜਤਾਲੀਆ ਅਫ਼ਸਰ ਲੇਖ ਰਾਜ ਨੇ ਦੱਸਿਆ ਕਿ ਉਹ ਸ਼ੱਕੀ ਅਨਸਰਾਂ ਦੀ ਭਾਲ 'ਚ ਪੁਲਿਸ ਪਾਰਟੀ ਸਮੇਤ ਪਟਿਆਲਾ ਚੌਕ ਦੇ ਨੇੜੇ ਪੁਰਾਣੀ ਪੁਲਿਸ ਚੌਕੀ ਕਾਲਕਾ ਰੋਡ ਵਿਖੇ ਮੌਜੂਦ ਸਨ। ਇਸ ਦੌਰਾਨ ਉਨ੍ਹਾਂ ਨੂੰ ਸਾਹਮਣੇ ਤੋਂ ਇਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ, ਜਿਸ ਨੇ ਆਪਣੇ ਹੱਥ 'ਚ ਇਕ ਪਲਾਸਟਿਕ ਦੀ ਕੈਨੀ ਫੜ੍ਹੀ ਹੋਈ ਸੀ, ਜੋ ਕਿ ਪੁਲਿਸ ਨੂੰ ਦੇਖ ਕੇ ਘਬਰਾ ਗਿਆ ਤੇ ਪਿੱਛੇ ਮੁੜਨ ਲੱਗਾ, ਪਰ ਉਨ੍ਹਾਂ ਨੇ ਪੁਲਿਸ ਪਾਰਟੀ ਦੀ ਮਦਦ ਨਾਲ ਉਸ ਵਿਅਕਤੀ ਨੂੰ ਕਾਬੂ ਕਰਕੇ ਜਦੋਂ ਉਸ ਦੀ ਕੈਨੀ ਦੀ ਜਾਂਚ ਕੀਤੀ ਤਾਂ ਉਸ 'ਚੋਂ ਸ਼ਰਾਬ ਬਰਾਮਦ ਹੋਈ। ਪੁਲਿਸ ਵਲੋਂ ਕਾਬੂ ਕਥਿਤ ਦੋਸ਼ੀ ਦੀ ਪਛਾਣ ਪ੍ਰੇਮ ਸਿੰਘ ਪੁੱਤਰ ਧਰਮ ਸਿੰਘ ਵਾਸੀ ਪਾਣੀਪਤ ਹਰਿਆਣਾ ਦੇ ਤੌਰ 'ਤੇ ਹੋਈ ਦੱਸੀ ਜਾ ਰਹੀ ਹੈ। ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸਕਾਰਪਿਓ ਸਵਾਰ 550 ਗ੍ਰਾਮ ਹੈਰੋਇਨ ਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ

ਐੱਸ. ਏ. ਐੱਸ. ਨਗਰ, 3 ਜਨਵਰੀ (ਜਸਬੀਰ ਸਿੰਘ ਜੱਸੀ)-ਐਸ. ਟੀ. ਐਫ. ਵਲੋਂ ਮੁਹਾਲੀ ਵਿਚਲੇ ਇਲਾਕੇ 'ਚ ਗੁਪਤ ਸੂਚਨਾ ਦੇ ਆਧਾਰ 'ਤੇ ਇਕ ਮੁਲਜ਼ਮ ਨੂੰ 550 ਗ੍ਰਾਮ ਹੈਰੋਇਨ ਤੇ 4500 ਰੁਪਏ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਮੁਲਜ਼ਮ ਦੀ ਪਛਾਣ ਨਵਜੋਤ ਸਿੰਘ ਉਰਫ਼ ਸ਼ੇਰਾ ਵਾਸੀ ਪ੍ਰੇਮ ਨਗਰ ਢੱਕੀ ਰੋਡ ਪਠਾਨਕੋਟ ਹਾਲ ਵਾਸੀ (ਜ਼ੀਰਕਪੁਰ) ਵਜੋਂ ਹੋਈ ਹੈ। ਇਸ ਦੀ ਪੁਸ਼ਟੀ ਐਸ. ਟੀ. ਐਫ. ਦੇ (ਏ. ਆਈ. ਜੀ.) ਕਸ਼ਮੀਰ ਸਿੰਘ ਗਿੱਲ ਵਲੋਂ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਐਸ. ਟੀ. ਐਫ. ਵਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਗਈ ਮੁਹਿੰਮ ਦੇ ਤਹਿਤ ਫੇਜ਼-4 ਦੇ ਨਜ਼ਦੀਕ ਨਾਕਾਬੰਦੀ ਕੀਤੀ ਹੋਈ ਸੀ। ਇਸ ਦੌਰਾਨ ਗੁਪਤ ਸੂਚਨਾ ਮਿਲੀ ਕਿ ਇਕ ਕਾਲੇ ਰੰਗ ਦੀ ਸਕਾਰਪਿਓ ਸਵਾਰ ਹੈਰੋਇਨ ਦੀ ਵੱਡੀ ਖੇਪ ਲੈ ਕੇ ਮੁਹਾਲੀ ਵੱਲ ਆ ਰਿਹਾ ਹੈ। ਐਸ. ਟੀ. ਐਫ. ਦੇ ਥਾਣੇਦਾਰ ਹਾਕਮ ਸਿੰਘ ਨੇ ਤੁਰੰਤ ਕਾਰਵਾਈ ਕਰਦਿਆਂ ਮਦਨਪੁਰ ਚੌਂਕ ਕੋਲੋਂ ਸਕਾਰਪਿਓ ਸਵਾਰ ਨਵਜੋਤ ਸਿੰਘ ਸ਼ੇਰਾ ਨੂੰ ਰੋਕ ਕੇ ਜਦੋਂ ਗੱਡੀ ਦੀ ਤਲਾਸ਼ੀ ਲਈ ਤਾਂ ਉਸ 'ਚੋਂ 550 ਗ੍ਰਾਮ ਹੈਰੋਇਨ ਤੇ 4500 ਰੁਪਏ ਡਰੱਗ ਮਨੀ ਬਰਾਮਦ ਹੋਈ। ਉਕਤ ਮੁਲਜ਼ਮ ਦੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਉਸ ਨੇ ਐੱਮ. ਟੈਕ ਦੀ ਪੜ੍ਹਾਈ ਕੀਤੀ ਹੋਈ ਹੈ ਅਤੇ ਉਹ ਗੱਡੀਆਂ ਦੀ ਖ਼ਰੀਦੋ-ਫ਼ਰੋਖ਼ਤ ਦਾ ਕੰਮ ਕਰਦਾ ਸੀ। ਉਹ ਪਿਛਲੇ 8 ਮਹੀਨਿਆਂ ਤੋਂ ਜ਼ੀਰਕਪੁਰ ਵਿਖੇ ਕਿਰਾਏ ਦੇ ਮਕਾਨ 'ਚ ਰਹਿ ਰਿਹਾ ਸੀ ਤੇ ਜੰਮੂ-ਕਸ਼ਮੀਰ ਤੋਂ ਹੈਰੋਇਨ ਦੀ ਖੇਪ ਲਿਆ ਕੇ ਆਪਣੇ ਪੱਕੇ ਗਾਹਕਾਂ ਨੂੰ ਸਪਲਾਈ ਕਰਦਾ ਸੀ। ਉਕਤ ਮੁਲਜ਼ਮ ਖ਼ਿਲਾਫ਼ ਪਠਾਨਕੋਟ ਥਾਣੇ 'ਚ ਲੜਾਈ ਝਗੜੇ ਦੇ ਮਾਮਲੇ ਦਰਜ ਹਨ। ਐਸ. ਟੀ. ਐਫ. ਨੇ ਮੁਲਜ਼ਮ ਨਵਜੋਤ ਸਿੰਘ ਉਰਫ਼ ਸ਼ੇਰਾ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ, ਮੁਲਜ਼ਮ ਨੂੰ ਮੰਗਲਵਾਰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।



ਪਿੰਡ ਸੋਹਾਣਾ ਵਿਖੇ ਧਰਮਸ਼ਾਲਾ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਮੌਕੇ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ ਤੇ ਹੋਰਨਾਂ ਸ਼ਖ਼ਸੀਅਤਾਂ ਦਾ ਸਨਮਾਨ ਕਰਦੇ ਹੋਏ ਪਿੰਡ ਵਾਸੀ। ਤਸਵੀਰ : ਵਰਿੰਦਰਜੀਤ ਸਿੰਘ

## ਮੇਅਰ ਜੀਤੀ ਸਿੱਧੂ ਵਲੋਂ ਸੈਕਟਰ 77 ਤੋਂ 80 ਅੰਦਰ 3 ਕਰੋੜ ਦੀ ਲਾਗਤ ਵਾਲੇ ਪੇਵਰ ਬਲਾਕਾਂ ਦੇ ਕੰਮ ਦੀ ਸ਼ੁਰੂਆਤ

**ਸੋਹਾਣਾ ਵਿਖੇ ਵੀ 20 ਲੱਖ ਦੀ ਲਾਗਤ ਨਾਲ ਧਰਮਸ਼ਾਲਾ ਦਾ ਕੰਮ ਆਰੰਭ ਕਰਵਾਇਆ**

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਮੁਹਾਲੀ ਨਗਰ ਨਿਗਮ ਦੇ ਮੇਅਰ ਅਮਰਜੀਤ ਸਿੰਘ ਜੀਤੀ ਸਿੱਧੂ ਵਲੋਂ ਮੁਹਾਲੀ ਦੇ ਸੈਕਟਰ 77 ਤੋਂ 80 ਅੰਦਰ 3 ਕਰੋੜ ਰੁ. ਦੀ ਲਾਗਤ ਵਾਲੇ ਪੇਵਰ ਬਲਾਕ ਲਗਾਉਣ ਦੇ ਕੰਮ ਤੇ ਪਿੰਡ ਸੋਹਾਣਾ ਵਿਖੇ 20 ਲੱਖ ਰੁ. ਦੀ ਲਾਗਤ ਵਾਲੇ ਧਰਮਸ਼ਾਲਾ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਅਮਰੀਕ ਸਿੰਘ ਸੋਮਲ ਤੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਵੀ ਉਚੇਚੇ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਮੇਅਰ ਜੀਤੀ ਸਿੱਧੂ ਨੇ ਦੱਸਿਆ ਕਿ ਅੱਜ ਸੈਕਟਰ 77, 78, 79 ਤੇ 80 'ਚ ਪੇਵਰ ਬਲਾਕ ਲਗਾਉਣ ਦੇ ਕੰਮ ਕਰਵਾਏ ਜਾ ਰਹੇ ਹਨ। ਇਸ ਤੋਂ ਇਲਾਵਾ ਪਿੰਡ ਸੋਹਾਣਾ ਦੀ ਧਰਮਸ਼ਾਲਾ ਦਾ ਕੰਮ ਚੱਲ ਰਿਹਾ ਹੈ, ਜਿਸ 'ਤੇ 20 ਲੱਖ ਰੁ. ਖ਼ਰਚੇ ਜਾਣਗੇ। ਉਨ੍ਹਾਂ ਕਿਹਾ ਕਿ ਮੁਹਾਲੀ 'ਚ ਹਲਕਾ ਵਿਧਾਇਕ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਹਰ ਪਾਸੇ ਵਿਕਾਸ ਕਾਰਜ ਚੱਲ ਰਹੇ ਹਨ, ਲਿਹਾਜ਼ਾ ਅੱਜ ਵਿਰੋਧੀਆਂ ਕੋਲ ਕੋਈ ਮੁੱਦਾ ਨਾ ਹੋਣ ਕਰਕੇ ਉਹ ਬੇਤੁੱਕੇ ਦੋਸ਼ ਲਗਾ ਰਹੇ ਹਨ। ਇਸ ਮੌਕੇ ਸੁੱਚਾ ਸਿੰਘ ਕਲੌੜ, ਹਰਜੀਤ ਸਿੰਘ ਭੋਲੂ, ਕੁਲਵਿੰਦਰ ਕੌਰ ਬਾਛਲ, (ਤਿੰਨੋਂ ਕੌਂਸਲਰ), ਨਵਜੋਤ ਸਿੰਘ, ਹਰਦਿਆਲ ਚੰਦ ਬੜਬੜ, ਭਗਤ ਸਿੰਘ ਨਾਮਧਾਰੀ, ਪ੍ਰੇਮ ਚੰਦ, ਹਰਮਿੰਦਰ ਸਿੰਘ ਸੋਹਾਣਾ, ਰਾਜਿੰਦਰ ਸਿੰਘ ਦੁਰਾਲੀ, ਮਾਸਟਰ ਮਹਿੰਦਰ ਸਿੰਘ, ਬਲਬੀਰ ਸਿੰਘ, ਜੱਸੀ ਗਿੱਲ ਲਖਨੌਰ, ਲਖਵੀਰ ਸਿੰਘ ਕੁਰੜੀ, ਬਲਵੰਤ ਰਾਏ, ਉਪਿੰਦਰ ਸਿੰਘ, ਮਦਨ ਰਾਣਾ, ਸੁਰੇਸ਼ ਸ਼ਰਮਾ ਤੇ ਜੈਤੇਸ਼ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।



ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੌਂਸਲਰ ਮਨਜੀਤ ਕੌਰ ਦਾ ਪਾਰਟੀ ਅੰਦਰ ਸ਼ਾਮਿਲ ਹੋਣ 'ਤੇ ਸਵਾਗਤ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਹਲਕਾ ਮੁਹਾਲੀ ਤੋਂ ਉਮੀਦਵਾਰ ਕੁਲਵੰਤ ਸਿੰਘ। ਤਸਵੀਰ : ਵਰਿੰਦਰਜੀਤ ਸਿੰਘ

## ਅਕਾਲੀ ਦਲ ਦੀ ਸਾਬਕਾ ਕੌਂਸਲਰ ਮਨਜੀਤ ਕੌਰ 'ਆਪ' 'ਚ ਸ਼ਾਮਿਲ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਅਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਵੱਖ-ਵੱਖ ਪਾਰਟੀਆਂ ਦੇ ਆਗੂ ਤੇ ਵਰਕਰ ਵੀ ਇਕ ਧਿਰ ਤੋਂ ਦੂਜੀ ਧਿਰ 'ਚ ਸ਼ਾਮਿਲ ਹੋ ਰਹੇ ਹਨ। ਇਸੇ ਲੜੀ ਤਹਿਤ ਮੁਹਾਲੀ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੌਂਸਲਰ ਮਨਜੀਤ ਕੌਰ ਵੀ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋ ਗਏ। ਇਸ ਮੌਕੇ ਮੁਹਾਲੀ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਵੰਤ ਸਿੰਘ ਵਲੋਂ ਮਨਜੀਤ ਕੌਰ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਿਲ ਕਰਦਿਆਂ ਜੀ ਆਇਆ ਆਖਿਆ ਤੇ ਨਾਲ ਹੀ ਪਾਰਟੀ ਅੰਦਰ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿਵਾਇਆ ਗਿਆ। ਇਸ ਮੌਕੇ ਕੁਲਵੰਤ ਸਿੰਘ ਨੇ ਕਿਹਾ ਕਿ ਕਾਂਗਰਸੀਆਂ ਤੇ ਬਾਦਲਾਂ ਨੇ ਹਮੇਸ਼ਾ ਹੀ ਪੰਜਾਬ ਦੇ ਲੋਕਾਂ ਨੂੰ ਲੁੱਟਿਆ ਤੇ ਕੁੱਟਿਆ ਹੈ ਜਦ ਕਿ ਆਮ ਆਦਮੀ ਪਾਰਟੀ ਪੰਜਾਬ 'ਚ ਕੇਜਰੀਵਾਲ ਦਾ ਵਿਕਾਸ ਮਾਡਲ ਸਥਾਪਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਸਸ਼ਕਤ ਕਰਨਾ ਤੇ ਸਿਹਤ ਤੇ ਸਿੱਖਿਆ ਦੇ ਪੱਖ ਤੋਂ ਪੰਜਾਬ ਨੂੰ ਨੰਬਰ ਵਨ ਬਣਾਉਣਾ ਆਮ ਆਦਮੀ ਪਾਰਟੀ ਦਾ ਮੁੱਖ ਉਦੇਸ਼ ਹੈ। ਇਸ ਮੌਕੇ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਈ ਮਨਜੀਤ ਕੌਰ ਨੇ ਕਿਹਾ ਕਿ ਆਪਣੇ ਵਾਰਡ ਦੇ ਲੋਕਾਂ ਦੀ ਮੰਗ ਤੇ ਆਪਣੇ ਸਰਕਲ ਦੇ ਲੋਕਾਂ ਦੇ ਕਹਿਣ 'ਤੇ ਹੀ ਉਹ 'ਆਪ' ਸ਼ਾਮਿਲ ਹੋਏ ਹਨ। ਇਸ ਮੌਕੇ ਵਾ. ਨੰ. 50 ਦੇ ਕੌਂਸਲਰ ਗੁਰਮੀਤ ਕੌਰ, ਮਨਮੋਹਨਜੀਤ ਸਿੰਘ, ਜਗਤਾਰ ਸਿੰਘ, ਬਲਦੇਵ ਸਿੰਘ, ਕੁਲਵੰਤ ਸਿੰਘ, ਯਸ਼ਪਾਲ ਚੌਪੜਾ, ਸੰਜੀਵ ਸਹਿਗਲ, ਬਲਬੀਰ ਸਿੰਘ, ਭੁਪਿੰਦਰ ਸਿੰਘ, ਸਤਿੰਦਰ ਸ਼ਰਮਾ, ਦਰਸ਼ਨ ਸਿੰਘ, ਸੁਰਿੰਦਰ ਸਿੰਘ, ਹਰਨੇਕ ਸਿੰਘ ਸੈਣੀ, ਹਰਨੇਕ ਸਿੰਘ ਬੜੀ ਤੇ ਅੰਮ੍ਰਿਤਪਾਲ ਸਿੰਘ ਆਦਿ ਵੀ ਹਾਜ਼ਰ ਸਨ।



ਨੁੱਕੜ ਮੀਟਿੰਗ ਉਪਰੰਤ ਗੱਲਬਾਤ ਕਰਦੇ ਹੋਏ ਭਾਜਪਾ ਦੇ ਸੀਨੀਅਰ ਆਗੂ ਸੁਖਵਿੰਦਰ ਸਿੰਘ ਗੋਲਡੀ। ਤਸਵੀਰ : ਜੰਡਪੁਰੀ

## ਪੰਜਾਬ ਦੀ ਰਾਜਨੀਤੀ ਨੂੰ ਨਵਾਂ ਮੋੜ ਦੇਵੇਗਾ ਮੋਦੀ ਦਾ ਫ਼ਿਰੋਜ਼ਪੁਰ ਦੌਰਾ-ਗੋਲਡੀ

ਖਰੜ, 3 ਜਨਵਰੀ (ਜੰਡਪੁਰੀ)-ਭਾਜਪਾ ਦੀ ਸੂਬਾਈ ਕਾਰਜਕਾਰਨੀ ਦੇ ਮੈਂਬਰ ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਫ਼ਿਰੋਜ਼ਪੁਰ ਦੌਰਾ ਪੰਜਾਬ ਦੀ ਰਾਜਨੀਤੀ ਨੂੰ ਨਵਾਂ ਮੋੜ ਦੇਵੇਗਾ। ਗੋਲਡੀ ਅੱਜ ਪ੍ਰਧਾਨ ਮੰਤਰੀ ਦੀ ਰੈਲੀ 'ਚ ਸ਼ਾਮਿਲ ਹੋਣ ਲਈ ਖਰੜ ਹਲਕੇ ਦੇ ਲੋਕਾਂ ਨੂੰ ਸੱਦਾ ਦੇਣ ਲਈ ਵੱਖ-ਵੱਖ ਥਾਵਾਂ 'ਤੇ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਨੁੱਕੜ ਮੀਟਿੰਗਾਂ ਦੌਰਾਨ ਜੁੜੇ ਇਕੱਠਾਂ ਤੋਂ ਸਪੱਸ਼ਟ ਹੁੰਦਾ ਹੈ ਕਿ ਖਰੜ ਹਲਕੇ ਤੋਂ ਵੱਡੀ ਗਿਣਤੀ ਵਿਚ ਲੋਕ ਪ੍ਰਧਾਨ ਮੰਤਰੀ ਦੀ ਫ਼ਿਰੋਜ਼ਪੁਰ ਰੈਲੀ ਦਾ ਹਿੱਸਾ ਬਣਨਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਕਾਰਜਕਾਲ ਦੌਰਾਨ ਦੇਸ਼ ਦੇ ਸਾਰੇ ਸੂਬਿਆਂ ਤੇ ਵਰਗਾਂ ਲਈ ਇਕ ਸਾਮਾਨ ਵਿਕਾਸ ਯੋਜਨਾਵਾਂ ਲਾਗੂ ਕੀਤੀਆਂ ਹਨ, ਜਿਨ੍ਹਾਂ ਦਾ ਅਸਰ ਹੁਣ ਪੰਜਾਬ 'ਚ ਵੀ ਦਿਖਾਈ ਦੇਵੇਗਾ। ਇਸ ਮੌਕੇ ਭਾਜਪਾ ਆਗੂ ਦਲਜੀਤ ਸਿੰਘ ਸੈਣੀ, ਰਾਕੇਸ਼ ਗੁਪਤਾ, ਅਰੁਣ ਸ਼ਰਮਾ, ਕੁਲਵਿੰਦਰ ਧੀਮਾਨ, ਕੰਵਲਜੀਤ ਸਿੰਘ ਤੇ ਗੁਰਵਿੰਦਰ ਸਿੰਘ ਸਮੇਤ ਹੋਰ ਵਰਕਰ ਵੀ ਹਾਜ਼ਰ ਸਨ।

## ਸਰਕਾਰੀ ਹਸਪਤਾਲ ਬੂਥਗੜ੍ਹ ਵਿਖੇ ਡਾ. ਅਲਕਜੋਤ ਕੌਰ ਨੇ ਐਸ. ਐਮ. ਓ ਵਜੋਂ ਅਹੁਦਾ ਸੰਭਾਲਿਆ

ਮੁੱਲਾਂਪੁਰ ਗਰੀਬਦਾਸ, 3 ਜਨਵਰੀ (ਦਿਲਬਰ ਸਿੰਘ ਖੈਰਪੁਰ)-ਸਰਕਾਰੀ ਹਸਪਤਾਲ ਬੂਥਗੜ੍ਹ ਵਿਖੇ ਡਾ. ਅਲਕਜੋਤ ਕੌਰ ਨੇ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਅਹੁਦਾ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਪਟਿਆਲਾ ਦੇ ਤ੍ਰਿਪੜੀ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਸੇਵਾਵਾਂ ਨਿਭਾ ਰਹੇ ਸਨ। ਬੂਥਗੜ੍ਹ ਹਸਪਤਾਲ ਦੇ ਪਹਿਲੇ ਇੰਚਾਰਜ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਕਿਰਨਦੀਪ ਕੌਰ ਦੀ ਬਦਲੀ ਚੰਡੀਗੜ੍ਹ ਵਿਖੇ ਸਿਹਤ ਵਿਭਾਗ ਦੇ ਮੁੱਖ ਦਫ਼ਤਰ 'ਚ ਬਤੌਰ ਸਹਾਇਕ ਡਾਇਰੈਕਟਰ ਵਜੋਂ ਹੋ ਗਈ ਹੈ। ਅਹੁਦਾ ਸੰਭਾਲਣ ਤੋਂ ਪਹਿਲਾਂ ਡਾ. ਅਲਕਜੋਤ ਕੌਰ ਨੇ ਸਿਵਲ ਸਰਜਨ ਡਾ. ਆਦਰਸ਼ਪਾਲ ਕੌਰ ਨੂੰ ਮਿਲ ਕੇ ਗੁਲਦਸਤਾ ਭੇਟ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਕੇਂਦਰ ਤੇ ਸੂਬਾ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਿਹਤ ਸੰਭਾਲ ਯੋਜਨਾਵਾਂ ਤੇ ਪ੍ਰੋਗਰਾਮਾਂ ਨੂੰ ਬੇਹਤਰ ਅਤੇ ਹੋਰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਕੋਰੋਨਾ ਵਾਇਰਸ ਮਹਾਂਮਾਰੀ ਦੀ ਤੀਜੀ ਲਹਿਰ ਦਾ ਖ਼ਦਸ਼ਾ ਬਣਿਆ ਹੋਇਆ ਹੈ ਜਿਸ ਕਾਰਨ ਸਾਰਿਆਂ ਨੂੰ ਸਾਵਧਾਨ ਰਹਿਣ ਦੀ ਬੇਹੱਦ ਲੋੜ ਹੈ।



ਡਾ. ਅਲਕਜੋਤ ਕੌਰ ਸਿਵਲ ਸਰਜਨ ਡਾ. ਆਦਰਸ਼ਪਾਲ ਕੌਰ ਨੂੰ ਗੁਲਦਸਤਾ ਭੇਟ ਕਰਦੇ ਹੋਏ। ਤਸਵੀਰ : ਦਿਲਬਰ ਸਿੰਘ ਖੈਰਪੁਰ

**ਅਜੀਤ ਵੈੱਬ ਟੀ ਵੀ** ਅੱਜ ਦੇ ਵਿਸ਼ੇਸ਼ ਪ੍ਰੋਗਰਾਮ
ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022
ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ



ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit

## ਜਨਮ ਦਿਨ ਮੁਬਾਰਕ



**ਹਰਜਸ ਚੌਧਰੀ**
ਪਿਤਾ : ਕੇਸਰ ਚੌਧਰੀ
ਮਾਤਾ : ਬਿਮਲਾ
ਪਿੰਡ : ਗੋਚਰ
ਜ਼ਿਲ੍ਹਾ : ਮੁਹਾਲੀ



**ਰਿਆਂਸ਼**
ਪਿਤਾ : ਰਿੰਕੂ
ਮਾਤਾ : ਆਰਤੀ
ਵਾਸੀ : ਹੱਲੋਮਾਜਰਾ (ਚੰਡੀਗੜ੍ਹ)



**ਦਿਵਿਆ ਜਾਂਗੜਾ**
ਪਿਤਾ : ਅਨਿਲ ਸ਼ਰਮਾ
ਮਾਤਾ : ਰੀਤੂ ਸ਼ਰਮਾ
ਵਾਸੀ : ਚੰਡੀਗੜ੍ਹ

## ਅੱਜ ਬਿਜਲੀ ਬੰਦ ਰਹੇਗੀ

ਕੁਰਾਲੀ, 3 ਜਨਵਰੀ (ਬਿੱਲਾ ਅਕਾਲਗੜ੍ਹੀਆ)-ਕੁਰਾਲੀ ਸਬ ਡਵੀਜਨ ਅਧੀਨ ਪੈਂਦੇ 11 ਕੇ. ਵੀ. ਚਨਾਲੋਂ ਫੀਡਰ ਤੋਂ ਨਿਕਲਣ ਵਾਲੀ ਬਿਜਲੀ ਸਪਲਾਈ ਦੀ ਜ਼ਰੂਰੀ ਮੁਰੰਮਤ ਦੇ ਚੱਲਦਿਆਂ 4 ਜਨਵਰੀ ਨੂੰ ਚੰਡੀਗੜ੍ਹ ਰੋਡ, ਵਾਰਡ ਨੰ. 7, ਵਾਰਡ ਨੰ. 9, ਨਿਊਂ ਮਾਸਟਰ ਕਾਲੋਨੀ ਤੇ ਚਨਾਲੋਂ ਦੀ ਬਿਜਲੀ ਸਪਲਾਈ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਬੰਦ ਰਹੇਗੀ। ਇਸ ਸੰਬੰਧੀ ਜਾਣਕਾਰੀ ਐਸ. ਡੀ. ਓ. ਰਣਧੀਰ ਸਿੰਘ ਨੇ ਦਿੱਤੀ।

**ਮੁੱਲਾਂਪੁਰ ਗਰੀਬਦਾਸ ਵਿਖੇ**



**ਤਾਇਨਾਤ ਡੀ. ਐਸ. ਪੀ. ਬਿਕਰਮਜੀਤ ਸਿੰਘ ਬਰਾੜ ਦੇ ਤਬਾਦਲੇ ਉਪਰੰਤ ਉਨ੍ਹਾਂ ਦੀ ਥਾਂ ਅਹੁਦਾ ਸੰਭਾਲਣ ਵਾਲੇ ਨਵ ਨਿਯੁਕਤ ਡੀ. ਐਸ. ਪੀ. ਅਮਰਪ੍ਰੀਤ ਸਿੰਘ।**

## 75 ਦਿਨਾਂ ਤੋਂ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਟੈਂਕੀ 'ਤੇ ਡਟੇ ਹੋਏ ਬੇਰੁਜ਼ਗਾਰ ਈ. ਟੀ. ਟੀ. ਟੈੱਟ ਪਾਸ ਅਧਿਆਪਕ

ਖਰੜ, 3 ਜਨਵਰੀ (ਜੰਡਪੁਰੀ)-ਰੁਜ਼ਗਾਰ ਦੀ ਮੰਗ ਨੂੰ ਲੈ ਕੇ ਟੈਂਕੀ 'ਤੇ ਚੜ੍ਹੇ ਬੇਰੁਜ਼ਗਾਰ ਈ. ਟੀ. ਟੀ. ਟੈੱਟ ਪਾਸ ਅਧਿਆਪਕ 75ਵੇਂ ਦਿਨ ਪਰਮ ਫ਼ਾਜ਼ਿਲਕਾ ਤੇ ਅਮਨ ਫ਼ਾਜ਼ਿਲਕਾ ਵੀ ਟੈਂਕੀ ਦੇ ਉੱਪਰ ਡਟੇ ਰਹੇ। ਟੈਂਕੀ 'ਤੇ ਬੈਠਣ ਕਾਰਨ ਬੇਰੁਜ਼ਗਾਰ ਈ. ਟੀ. ਟੀ. ਟੈੱਟ ਪਾਸ ਅਧਿਆਪਕਾਂ ਦੀ ਸਿਹਤ ਲਗਾਤਾਰ ਵਿਗੜਦੀ ਜਾ ਰਹੀ ਹੈ, ਪਰ ਪੰਜਾਬ ਸਰਕਾਰ ਬੇਰੁਜ਼ਗਾਰ ਅਧਿਆਪਕਾਂ 'ਤੇ ਮੰਗਾਂ ਮੰਨਣ ਦੀ ਬਜਾਏ ਕੁੰਭਕਰਨੀ ਨੀਂਦ ਸੁੱਤੀ ਹੋਈ ਹੈ। ਟੈਂਕੀ 'ਤੇ ਬੈਠੇ ਅਮਨ ਫ਼ਾਜ਼ਿਲਕਾ ਤੇ ਪਰਮ ਫਾਜ਼ਿਲਕਾ ਨੇ ਕਿਹਾ ਕਿ ਘਰ-ਘਰ ਨੌਕਰੀ ਦੇ ਵਾਅਦੇ ਕਰਨ ਵਾਲੀ ਸਰਕਾਰ ਅੱਜ ਬੇਰੁਜ਼ਗਾਰ ਅਧਿਆਪਕਾਂ ਦੀਆਂ ਮੰਗਾਂ ਸੁਣਨ ਦੀ ਬਜਾਏ ਬੇਰੁਜ਼ਗਾਰ ਅਧਿਆਪਕਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ। ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਆਪਣੀ ਸੱਤਾ ਦੇ 'ਚ ਇੰਨੇ ਹੰਕਾਰੀ ਹੋ ਚੁੱਕੇ ਹਨ ਕਿ ਜਿਨ੍ਹਾਂ ਲੋਕਾਂ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਬਣਾਇਆ ਹੈ ਕਿ ਉਨ੍ਹਾਂ ਦੀ ਆਵਾਜ਼ ਵੀ ਨਹੀਂ ਸੁਣ ਰਹੇ ਉਹ ਭੁੱਲ ਚੁੱਕੇ ਹਨ ਜਿਹੜੇ ਲੋਕ ਉਨ੍ਹਾਂ ਨੂੰ ਸੱਤਾ 'ਚ ਬਿਠਾ ਸਕਦੇ ਹਨ ਉਹੀ ਲੋਕ ਪੰਜਾਬ 'ਚ ਆਉਣ ਵਾਲੇ ਸਮੇਂ 'ਚ ਕਾਂਗਰਸ ਸਰਕਾਰ ਦਾ ਸਫ਼ਾਇਆ ਵੀ ਕਰ ਦੇਣਗੇ। ਇਸ ਮੌਕੇ ਟੈਂਕੀ 'ਤੇ ਬੈਠੇ ਬੇਰੁਜ਼ਗਾਰਾਂ ਅਧਿਆਪਕਾਂ ਨੇ ਕਿਹਾ ਕਿ ਟੈਂਕੀ 'ਤੇ ਬੈਠਣੀ ਦੌਰਾਨ ਜੋ ਵੀ ਬੇਰੁਜ਼ਗਾਰ ਅਧਿਆਪਕਾਂ ਦਾ ਜਾਨੀ ਮਾਲੀ ਨੁਕਸਾਨ ਹੋਵੇਗਾ ਉਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਹੋਵੇਗਾ।



ਟੈਂਕੀ 'ਤੇ ਡਟੇ ਹੋਏ ਬੇਰੁਜ਼ਗਾਰ ਈ. ਟੀ. ਟੀ. ਟੈੱਟ ਪਾਸ ਅਧਿਆਪਕ। ਤਸਵੀਰ : ਜੰਡਪੁਰੀ

## ਕਮਿਊਨਿਟੀ ਸੈਂਟਰ ਦੀ ਜਗ੍ਹਾ ਆਡੀਟੋਰੀਅਮ ਨੂੰ ਅਲਾਟ ਕਰਨ ਦਾ ਸੈਕਟਰ-78 ਦੇ ਵਸਨੀਕਾਂ ਵਲੋਂ ਵਿਰੋਧ

ਐੱਸ. ਏ. ਐੱਸ. ਨਗਰ, 3 ਜਨਵਰੀ (ਤਰਵਿੰਦਰ ਸਿੰਘ ਬੈਨੀਪਾਲ)-ਰੈਜ਼ੀਡੈਂਟ ਵੈੱਲਫੇਅਰ ਤੇ ਡਿਵੈਲਪਮੈਂਟ ਕਮੇਟੀ ਸੈਕਟਰ-78 ਦੀ ਮੀਟਿੰਗ ਕਮੇਟੀ ਦੇ ਮੀਤ ਪ੍ਰਧਾਨ ਸੁਰਿੰਦਰ ਸਿੰਘ ਕੰਗ ਦੀ ਪ੍ਰਧਾਨਗੀ ਹੇਠ ਹੋਈ, ਜਿਸ 'ਚ ਸੈਕਟਰ-78 'ਚ ਕਮਿਊਨਿਟੀ ਸੈਂਟਰ ਲਈ ਰਾਖਵੀਂ ਰੱਖੀ ਜਗ੍ਹਾ ਆਡੀਟੋਰੀਅਮ ਲਈ ਅਲਾਟ ਕਰਨ ਦਾ ਵਿਰੋਧ ਕੀਤਾ ਤੇ ਸੈਕਟਰ ਦੇ ਵਸਨੀਕਾਂ ਨੂੰ ਦਰਪੇਸ਼ ਮਸਲਾ ਹੱਲ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਸੈਕਟਰ-78 ਦੀਆਂ ਸੜਕਾਂ 'ਚ ਅਨੇਕਾਂ ਥਾਵਾਂ 'ਤੇ ਖੱਡੇ ਪਏ ਹੋਏ ਹਨ, ਇਸ ਤੋਂ ਇਲਾਵਾ ਇਲਾਕੇ ਦੀਆਂ ਕਈ ਸੜਕਾਂ ਦਾ ਪੱਧਰ ਠੀਕ ਨਹੀਂ। ਉਨ੍ਹਾਂ ਮੰਗ ਕੀਤੀ ਕਿ ਸੜਕਾਂ 'ਚ ਪਏ ਖੱਡੇ ਠੀਕ ਕਰਵਾਏ ਜਾਣ, ਸੜਕਾਂ ਦਾ ਪੱਧਰ ਠੀਕ ਕਰਵਾ ਕੇ ਪ੍ਰੀਮਿਕਸ ਪਾਈ ਜਾਵੇ, ਸੜਕਾਂ ਦੇ ਕਰਵ ਚੈਨਲ ਨਵਿਆਏ ਜਾਣ, ਪਾਰਕਾਂ 'ਚ ਟੁੱਟੇ ਝੂਲੇ ਠੀਕ ਕੀਤੇ ਜਾਣ, ਬੱਚਿਆਂ ਲਈ ਹੋਰ ਵੱਡੇ ਝੂਲੇ ਲਗਾਏ ਜਾਣ, ਬੱਚਿਆਂ ਦੇ ਖੇਡਣ ਲਈ ਖੇਡ ਗਰਾਊਂਡ ਬਣਾਇਆ ਜਾਵੇ, ਪਾਰਕਾਂ 'ਚ ਲੋਕਾਂ ਦੇ ਬੈਠਣ ਲਈ ਹੋਰ ਬੈਂਚ ਲਗਾਏ ਜਾਣ। ਮੀਟਿੰਗ 'ਚ ਇੰਦਰਜੀਤ ਸਿੰਘ, ਕ੍ਰਿਸ਼ਨਾ ਮਿੱਤੂ, ਮੇਜਰ ਸਿੰਘ, ਰਮਨੀਕ ਸਿੰਘ, ਨਿਰਮਲ ਸਿੰਘ ਸਭਰਵਾਲ, ਸਤਨਾਮ ਸਿੰਘ ਭਿੰਡਰ, ਦਰਸ਼ਨ ਸਿੰਘ, ਗੁਰਨਾਮ ਸਿੰਘ, ਜਸਪਾਲ ਸਿੰਘ ਢਿੱਲੋਂ, ਗੁਰਮੀਤ ਸਿੰਘ, ਜਗਦੀਪ ਸਿੰਘ ਮਾਵੀ, ਗੁਰਦੇਵ ਸਿੰਘ ਸਰ੍ਹਾਂ, ਰਜਿੰਦਰ ਕਾਲੀਆ, ਅਮਰਜੀਤ ਸਿੰਘ, ਗੁਰਭਜਨ ਸਿੰਘ, ਅਮਰੀਕ ਸਿੰਘ, ਚਰਨ ਸਿੰਘ, ਕਮਲ ਸਰੂਪ ਮਹਿਤਾ, ਗੁਰਮੁੱਖ ਸਿੰਘ, ਕਰਮਿੰਦਰ ਸਿੰਘ, ਗੁਰਮੇਲ ਸਿੰਘ, ਹਾਕਮ ਸਿੰਘ ਤੇ ਅੰਕਿਤ ਜੈਨ ਆਦਿ ਹਾਜ਼ਰ ਸਨ।



ਸਰਕਾਰੀ ਆਈ. ਟੀ. ਆਈ. (ਲੜਕੀਆਂ) ਮੁਹਾਲੀ ਵਿਖੇ ਲਗਾਏ ਟੀਕਾਕਰਨ ਕੈਂਪ ਦੌਰਾਨ ਇਕ ਸਟਾਫ਼ ਮੈਂਬਰ ਨੂੰ ਟੀਕਾ ਲਗਾਉਂਦੀ ਹੋਈ ਸਿਹਤ ਕਰਮੀ। ਤਸਵੀਰ : ਵਰਿੰਦਰਜੀਤ ਸਿੰਘ

## ਸਰਕਾਰੀ ਆਈ. ਟੀ. ਆਈ. (ਲੜਕੀਆਂ) ਵਿਖੇ ਟੀਕਾਕਰਨ ਕੈਂਪ ਲਗਾਇਆ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਕੋਰੋਨਾ ਮਹਾਂਮਾਰੀ ਦੀ ਸੰਭਾਵਿਤ ਤੀਸਰੀ ਲਹਿਰ ਨੂੰ ਮੱਦੇਨਜ਼ਰ ਰੱਖਦਿਆਂ ਸਰਕਾਰੀ ਆਈ. ਟੀ. ਆਈ. (ਲੜਕੀਆਂ) ਮੁਹਾਲੀ ਵਿਖੇ ਮੁਫ਼ਤ ਟੀਕਾਰਰਨ ਕੈਂਪ ਲਗਾਇਆ ਗਿਆ, ਜਿਸ ਦੌਰਾਨ ਕਰੀਬ 100 ਸਿਖਿਆਰਥਣਾਂ ਤੇ ਸਟਾਫ਼ ਮੈਂਬਰਾਂ ਨੂੰ ਕੋਰੋਨਾ ਵੈਕਸੀਨ ਦੀ ਪਹਿਲੀ ਤੇ ਦੂਜੀ ਡੋਜ਼ ਲਗਾਈ ਗਈ। ਕੈਂਪ ਦਾ ਉਦਘਾਟਨ ਸੰਸਥਾ ਦੇ ਪ੍ਰਿੰਸੀਪਲ ਸ਼ਮਸ਼ੇਰ ਪੁਰਖਾਲਵੀ ਵਲੋਂ ਕੀਤਾ ਗਿਆ। ਕੈਂਪ ਸੰਬੰਧੀ ਸੰਸਥਾ ਦੇ ਟ੍ਰੇਨਿੰਗ ਕੋਆਰਡੀਨੇਟਰ ਰਾਕੇਸ਼ ਕੁਮਾਰ ਤੇ ਪਲੇਸਮੈਂਟ ਅਫ਼ਸਰ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਸੰਸਥਾ ਨੂੰ 100 ਫ਼ੀਸਦੀ ਕੋਰੋਨਾ ਮੁਕਤ ਕਰਨ ਲਈ ਨਿਰਧਾਰਤ ਕੀਤੇ ਗਏ ਟੀਚੇ ਦੀ ਪ੍ਰਾਪਤੀ ਲਈ ਪਹਿਲਾਂ ਵੀ ਸੰਸਥਾ ਵਿਖੇ 2 ਟੀਕਾਕਰਨ ਕੈਂਪ ਲਗਵਾਏ ਜਾ ਚੁੱਕੇ ਹਨ, ਜਿਸ ਦੌਰਾਨ ਸੈਂਕੜੇ ਸਿਖਿਆਰਥਣਾਂ, ਸਟਾਫ਼ ਮੈਂਬਰਾਂ ਤੇ ਸਥਾਨਕ ਵਸਨੀਕਾਂ ਨੂੰ ਪਹਿਲੀ ਅਤੇ ਦੂਜੀ ਡੋਜ਼ ਲਗਾਈ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਕੈਂਪ ਉਪਰੰਤ ਸੰਸਥਾ 100 ਫ਼ੀਸਦੀ ਵੈਕਸੀਨੇਟ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਮੇਂ-ਸਮੇਂ ਸਿਰ ਲੋਕ ਹਿੱਤ 'ਚ ਵੱਖ-ਵੱਖ ਪ੍ਰੋਗਰਾਮਾਂ ਕਰਵਾ ਕੇ ਸਿਖਿਆਰਥਣਾਂ ਨੂੰ ਮੌਜੂਦਾ ਚੁਣੌਤੀਆਂ, ਸੰਭਾਵਨਾਵਾਂ ਅਤੇ ਪ੍ਰਾਪਤੀਆਂ ਸੰਬੰਧੀ ਜਾਗਰੂਕ ਕਰਨ ਲਈ ਪ੍ਰੋਗਰਾਮ ਵੀ ਉਲੀਕੇ ਜਾ ਰਹੇ ਹਨ। ਇਸ ਮੌਕੇ ਸੰਸਥਾ ਦੇ ਗਰੁੱਪ ਇੰਸਟਰੱਕਟਰ ਸਤਨਾਮ ਸਿੰਘ, ਰਾਕੇਸ਼ ਕੁਮਾਰ ਡੱਲਾ, ਗੁਰਵਿੰਦਰ ਸਿੰਘ, ਉਪਾਸਨਾ ਅੱਤਰੀ, ਸ਼ਵੀ ਗੋਇਲ, ਅਮਨਦੀਪ ਸ਼ਰਮਾ, ਰਮਨਦੀਪ ਕੌਰ, ਪਰਮਿੰਦਰ ਕੌਰ, ਦਰਸ਼ਨਾ ਕੁਮਾਰੀ, ਜਸਵੀਰ ਕੌਰ ਤੇ ਪ੍ਰੀਤੀ ਸੈਣੀ ਆਦਿ ਵੀ ਹਾਜ਼ਰ ਸਨ।



ਧਾਰਮਿਕ ਸਮਾਗਮ 'ਚ ਹਾਜ਼ਰੀ ਭਰਨ ਮੌਕੇ ਪਿੰਡ ਵਾਸੀਆਂ ਨਾਲ ਆਮ ਆਦਮੀ ਪਾਰਟੀ ਦੇ ਹਲਕਾ ਮੁਹਾਲੀ ਤੋਂ ਉਮੀਦਵਾਰ ਕੁਲਵੰਤ ਸਿੰਘ। ਤਸਵੀਰ : ਵਰਿੰਦਰਜੀਤ ਸਿੰਘ

## ਕੇਜਰੀਵਾਲ ਦਾ ਵਿਕਾਸ ਮਾਡਲ ਪੂਰੇ ਦੇਸ਼ 'ਚ ਪੈਰ ਪਸਾਰ ਰਿਹੈ-ਕੁਲਵੰਤ ਸਿੰਘ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਚੰਡੀਗੜ੍ਹ ਕਾਰਪੋਰੇਸ਼ਨ ਦੀਆਂ ਚੋਣਾਂ 'ਚ ਮਿਲੀ ਸ਼ਾਨਦਾਰ ਸਫ਼ਲਤਾ ਤੋਂ ਬਾਅਦ ਪੰਜਾਬ 'ਚ ਵੀ ਆਮ ਆਦਮੀ ਪਾਰਟੀ ਦੇ ਹੌਂਸਲੇ ਬੁਲੰਦ ਹਨ ਤੇ ਕੇਜਰੀਵਾਲ ਦਾ ਵਿਕਾਸ ਮਾਡਲ ਪੂਰੇ ਦੇਸ਼ 'ਚ ਆਪਣੇ ਪੈਰ ਪਸਾਰ ਰਿਹਾ ਹੈ। ਇਹ ਪ੍ਰਗਟਾਵਾ ਪਿੰਡ ਸੰਭਾਲਕੀ ਵਿਖੇ ਕਰਵਾਏ ਇਕ ਧਾਰਮਿਕ ਸਮਾਗਮ 'ਚ ਹਾਜ਼ਰੀ ਭਰਨ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਮੁਹਾਲੀ ਤੋਂ ਉਮੀਦਵਾਰ ਕੁਲਵੰਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਭਰ 'ਚ ਆਮ ਆਦਮੀ ਪਾਰਟੀ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ, ਜਿਸ ਤੋਂ ਸਪੱਸ਼ਟ ਹੈ ਕਿ ਲੋਕ ਹੁਣ ਰਿਵਾਇਤੀ ਪਾਰਟੀਆਂ ਤੋਂ ਅੱਕ ਤੇ ਥੱਕ ਚੁੱਕੇ ਹਨ, ਜੋ ਕਿ ਪੰਜਾਬ ਦੀ ਰਾਜਨੀਤੀ 'ਚ ਫੇਰ-ਬਦਲ ਚਾਹੁੰਦੇ ਹਨ। ਇਸੇ ਦੌਰਾਨ ਪੱਤਰਕਾਰਾਂ ਵਲੋਂ ਸੰਯੁਕਤ ਸਮਾਜ ਮੋਰਚੇ ਦੇ ਸੰਬੰਧ 'ਚ ਪੁੱਛੇ ਗਏ ਸਵਾਲ ਦੇ ਜਵਾਬ 'ਚ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਦਾ ਫ਼ੈਸਲਾ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਕਰੇਗੀ। ਧਾਰਮਿਕ ਸਮਾਗਮ ਉਪਰੰਤ ਕੁਲਵੰਤ ਸਿੰਘ ਆਜ਼ਾਦ ਗਰੁੱਪ ਦੀ ਸਾਬਕਾ ਕੌਂਸਲਰ ਜਸਬੀਰ ਕੌਰ ਅੱਤਲੀ ਦੇ ਘਰ ਵੀ ਗਏ, ਜਿਥੇ ਉਨ੍ਹਾਂ ਆਗਾਮੀ ਚੋਣਾਂ ਸੰਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਰਾਮ ਸਿੰਘ, ਹਰਦੇਵ ਕੁਮਾਰ ਨੰਬਰਦਾਰ, ਵਿਨੋਦ ਕੁਮਾਰ, ਰੁਲਦਾ ਰਾਮ, ਡਾ. ਮਨਮੋਹਨ ਸਿੰਘ, ਕਿਸ਼ੋਰੀ, ਸੁਖਦੇਵ, ਰਾਹੁਲ ਅੱਤਰੀ, ਰਾਮ ਗੋਪਾਲ, ਜੈ ਕੁਮਾਰ, ਪ੍ਰੇਮ ਚੰਦ, ਵਿਜੇ ਕੁਮਾਰ, ਨੈਨੂਰਾਮ, ਰਾਜੇਸ਼ ਕੁਮਾਰ ਤੇ ਰਾਕੇਸ਼ ਕੁਮਾਰ ਸਮੇਤ ਵੱਡੀ ਗਿਣਤੀ 'ਚ ਪਿੰਡ ਸੰਭਾਲਕੀ ਦੇ ਵਸਨੀਕ ਹਾਜ਼ਰ ਸਨ।



ਪੈਰੀਫੇਰੀ ਮਿਲਕਮੈਨ ਯੂਨੀਅਨ ਦੇ ਅਹੁਦੇਦਾਰ ਹਾਦਸੇ ਤੋਂ ਪੀੜਤ ਮੈਂਬਰ ਨੂੰ ਮਾਲੀ ਮਦਦ ਦਾ ਚੈੱਕ ਭੇਟ ਕਰਦੇ ਹੋਏ।

## ਪੈਰੀਫੇਰੀ ਮਿਲਕਮੈਨ ਯੂਨੀਅਨ ਵਲੋਂ ਵੱਖ-ਵੱਖ ਹਾਦਸਿਆਂ ਤੋਂ ਪੀੜਤ ਮੈਂਬਰਾਂ ਨੂੰ ਦਿੱਤੀ ਮਾਲੀ ਮਦਦ

ਐੱਸ. ਏ. ਐੱਸ. ਨਗਰ, 3 ਜਨਵਰੀ (ਤਰਵਿੰਦਰ ਸਿੰਘ ਬੈਨੀਪਾਲ)-ਪੈਰੀਫੇਰੀ ਮਿਲਕਮੈਨ ਯੂਨੀਅਨ ਚੰਡੀਗੜ੍ਹ-ਮੁਹਾਲੀ ਨੇ ਵੱਖ-ਵੱਖ ਹਾਦਸਿਆਂ ਤੋਂ ਪੀੜਤ ਮੈਂਬਰਾਂ ਨੂੰ ਮਾਲੀ ਮਦਦ ਦਿੱਤੀ ਗਈ। ਇਸ ਮੌਕੇ ਯੂਨੀਅਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਭਾਗੋਮਾਜਰਾ ਨੇ ਦੱਸਿਆ ਹੈ ਕਿ ਸੋਹਣ ਸਿੰਘ, ਬਲਕਾਰ ਸਿੰਘ, ਪਰਮਜੀਤ ਸਿੰਘ, ਅਵਤਾਰ ਸਿੰਘ, ਮੋਹਨ ਸਿੰਘ ਤੇ ਹਰਜਿੰਦਰ ਸਿੰਘ ਦੁਰਘਟਨਾ ਦੌਰਾਨ ਗੰਭੀਰ ਜ਼ਖ਼ਮੀ ਹੋਣ ਕਾਰਨ ਉਨ੍ਹਾਂ ਨੂੰ ਕ੍ਰਮਵਾਰ 5-5 ਹਜ਼ਾਰ ਦੇ ਚੈੱਕ ਦਿੱਤੇ ਗਏ ਤੇ ਦਿਲਬਾਗ ਸਿੰਘ ਦੀ ਮੌਤ ਹੋ ਜਾਣ ਕਾਰਨ ਉਨ੍ਹਾਂ ਦੇ ਪਰਿਵਾਰ ਨੂੰ 15 ਹਜ਼ਾਰ ਦਾ ਚੈੱਕ ਦਿੱਤਾ ਗਿਆ। ਭਾਗੋਮਾਜਰਾ ਨੇ ਕਿਹਾ ਹੈ ਕਿ ਯੂਨੀਅਨ ਆਗੂ ਯੂਨੀਅਨ ਮੈਂਬਰਾਂ ਦੇ ਹਰ ਦੁੱਖ-ਸੁੱਖ 'ਚ ਹਰ ਸਮੇਂ ਹਾਜ਼ਰ ਹਨ। ਇਸ ਮੌਕੇ ਸੁਖਵਿੰਦਰ ਸਿੰਘ ਬਾਸੀਆਂ, ਜਸਵੀਰ ਸਿੰਘ ਨਰੈਣਾ, ਇੰਦਰ ਮੋਹਣ ਕੁੰਭੜਾ, ਸੰਤ ਸਿੰਘ ਕੁਰੜੀ, ਦਲਜੀਤ ਸਿੰਘ ਮਨਾਣਾ, ਸਤਪਾਲ ਸਿੰਘ ਸਵਾੜਾ, ਬਲਵਿੰਦਰ ਸਿੰਘ ਬੀੜ ਪ੍ਰਧਾਨ ਮੁਹਾਲੀ, ਸਿਤਾਰ ਖ਼ਾਨ, ਅਵਤਾਰ ਸਿੰਘ ਹੁਸ਼ਿਆਰਪੁਰ, ਸਿਮਰਨਜੀਤ ਸਿੰਘ, ਮਨਜੀਤ ਸਿੰਘ ਹੁਲਕਾ, ਮਨਜੀਤ ਸਿੰਘ ਪ੍ਰਧਾਨ ਜ਼ੀਰਕਪੁਰ, ਸੁਰਿੰਦਰ ਸਿੰਘ ਬਰਿਆਲੀ, ਭਗਤ ਸਿੰਘ ਕੰਸਾਲਾ, ਜਸਬੀਰ ਸਿੰਘ ਢਕੋਰਾਂ, ਸੁਭਾਸ਼ ਗੋਚਰ, ਨਰਿੰਦਰ ਸਿੰਘ ਸਿਆਊ, ਜਗਤਾਰ ਸਿੰਘ, ਹਰਦੀਪ ਸਿੰਘ ਮਟੌਰ ਤੇ ਗੋਲਡੀ ਮਹਿਦੂਦਪੁਰ ਆਦਿ ਹਾਜ਼ਰ ਸਨ।